ਭੈਰਉ ਮਹਲਾ ੧ ॥ ਸਗਲੀ ਰੈਣਿ ਸੋਵਤ ਗਲਿ ਫਾਹੀ ਦਿਨਸੁ ਜੰਜਾਲਿ ਗਵਾਇਆ ॥ ਖਿਨੁ ਪਲੁ ਘੜੀ ਨਹੀ ਪ੍ਰਭੁ ਜਾਨਿਆ ਜਿਨਿ ਇਹੁ ਜਗਤੁ ਉਪਾਇਆ ॥੧॥ ਮਨ ਰੇ ਕਿਉ ਛੂਟਸਿ ਦੁਖੁ ਭਾਰੀ ॥ ਕਿਆ ਲੇ ਆਵਸਿ ਕਿਆ ਲੇ ਜਾਵਸਿ ਰਾਮ ਜਪਹੁ ਗੁਣਕਾਰੀ ॥੧॥ ਰਹਾਉ ॥ ਊਂਧਉ ਕਵਲੁ ਮਨਮੁਖ ਮਤਿ ਹੋਛੀ ਮਨਿ ਅੰਧੈ ਸਿਰਿ ਧੰਧਾ ॥ ਕਾਲੁ ਬਿਕਾਲੁ ਸਦਾ ਸਿਰਿ ਤੇਰੈ ਬਿਨੁ ਨਾਵੈ ਗਲਿ ਫੰਧਾ ॥੨॥ ਡਗਰੀ ਚਾਲ ਨੇਤ੍ਰ ਫੁਨਿ ਅੰਧੁਲੇ ਸਬਦ ਸੁਰਤਿ ਨਹੀ ਭਾਈ ॥ ਸਾਸਤ੍ਰ ਬੇਦ ਤ੍ਰੈ ਗੁਣ ਹੈ ਮਾਇਆ ਅੰਧੁਲਉ ਧੰਧੁ ਕਮਾਈ ॥੩॥ ਖੋਇਓ ਮੂਲੁ ਲਾਭੁ ਕਹ ਪਾਵਸਿ ਦੁਰਮਤਿ ਗਿਆਨ ਵਿਹੂਣੇ ॥ ਸਬਦੁ ਬੀਚਾਰਿ ਰਾਮ ਰਸੁ ਚਾਖਿਆ ਨਾਨਕ ਸਾਚਿ ਪਤੀਣੇ ॥੪॥੪॥੫॥ {ਪੰਨਾ 1126}

ਪਦਅਰਥ:- ਰੈਣਿ—ਰਾਤ। ਸੋਵਤ—ਕਾਮਾਦਿਕ ਵਿਕਾਰਾਂ ਵਿਚ ਮਸਤ ਰਹਿੰਦਾ ਹੈ। ਗਲਿ—ਗਲ ਵਿਚ। ਜੰਜਾਲਿ—ਮਾਇਆ ਇਕੱਠੀ ਕਰਨ ਦੇ ਧੰਧੇ ਵਿਚ। ਜਾਨਿਆ—ਸਾਂਝ ਪਾਈ। ਜਿਨਿ—ਜਿਸ (ਪ੍ਰਭੂ) ਨੇ।1।

ਦੁਖੁ—ਮਾਇਆ ਦੇ ਮੋਹ ਦਾ ਦੁੱਖ। ਕਿਆ ਲੇ ਆਵਸਿ—ਕੀਹ ਨਾਲ ਲੈ ਕੇ ਆਉਂਦਾ ਹੈ? ਖ਼ਾਲੀ-ਹੱਥ ਆਉਂਦਾ ਹੈ। ਗੁਣ ਕਾਰੀ—ਆਤਮਕ ਗੁਣ ਪੈਦਾ ਕਰਨ ਵਾਲਾ।1। ਰਹਾਉ।

ਊਂਧਉ—ਉਲਟਾ, ਪੁੱਠਾ। ਕਵਲੁ—ਹਿਰਦਾ-ਕਵਲ। ਹੋਛੀ—ਥੋੜ-ਵਿਤੀ। ਮਨਿ—ਮਨ ਦੀ ਰਾਹੀਂ। ਮਨਿ ਅੰਧੈ—ਅੰਨ੍ਹੇ ਮਨ ਦੀ ਰਾਹੀਂ। ਧੰਧਾ—ਜੰਜਾਲ, ਮਾਇਆ ਦੇ ਮੋਹ ਦਾ ਝੰਬੇਲਾ। ਬਿਕਾਲੁ—ਬਿ-ਕਾਲੁ, (ਮੌਤ ਦੇ ਉਲਟ) ਜਨਮ।2।

ਡਗਰੀ—ਹੈਂਕੜ-ਭਰੀ। ਫੁਨਿ—ਭੀ। ਅੰਧੁਲੇ—(ਵਿਕਾਰਾਂ ਵਿਚ) ਅੰਨ੍ਹੇ। ਨਹੀ ਭਾਈ—ਚੰਗੀ ਨਹੀਂ ਲੱਗੀ। ਤ੍ਰੈਗੁਣ ਮਾਇਆ—ਤ੍ਰਿਗੁਣੀ ਮਾਇਆ ਦਾ (ਪ੍ਰਭਾਵ)। ਅੰਧੁਲਉ—ਮਾਇਆ ਵਿਚ ਅੰਨ੍ਹਾ ਹੋਇਆ ਜੀਵ। ਧੰਧੁ—ਮਾਇਆ ਦੀ ਖ਼ਾਤਰ ਦੌੜ-ਭੱਜ।3।

ਮੂਲੁ—ਉਹ ਆਤਮਕ ਜੀਵਨ ਜੋ ਪਹਿਲਾਂ ਪੱਲੇ ਸੀ। ਕਹ—ਕਿਥੋਂ? ਬੀਚਾਰਿ—ਵਿਚਾਰ ਕੇ। ਸਾਚਿ—ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ। ਪਤੀਣੇ—ਪਤੀਜੇ ਹੋਏ, ਪ੍ਰਸੰਨ।4।

ਅਰਥ:- ਹੇ ਮਨ! ਤੂੰ ਮਾਇਆ ਦੇ ਮੋਹ ਦਾ ਭਾਰੀ ਦੁੱਖ ਸਹਾਰ ਰਿਹਾ ਹੈਂ (ਜੇ ਤੂੰ ਪ੍ਰਭੂ-ਸਿਮਰਨ ਨਹੀਂ ਕਰਦਾ ਤਾਂ ਇਸ ਦੁੱਖ ਤੋਂ) ਕਿਵੇਂ ਖ਼ਲਾਸੀ ਪਾਇੰਗਾ? (ਦਿਨ ਰਾਤ ਮਾਇਆ ਦੀ ਖ਼ਾਤਰ ਭਟਕ ਰਿਹਾ ਹੈਂ, ਦੱਸ, ਜਦੋਂ ਜੰਮਿਆ ਸੀ) ਕੇਹੜੀ ਮਾਇਆ ਆਪਣੇ ਨਾਲ ਲੈ ਕੇ ਆਇਆ ਸੀ? ਇਥੋਂ ਤੁਰਨ ਲੱਗਾ ਭੀ ਕੋਈ ਚੀਜ਼ ਨਾਲ ਨਹੀਂ ਲੈ ਕੇ ਜਾ ਸਕੇਂਗਾ। ਪਰਮਾਤਮਾ ਦਾ ਨਾਮ ਜਪ, ਇਹੀ ਹੈ ਆਤਮਕ ਜੀਵਨ ਦੇ ਗੁਣ ਪੈਦਾ ਕਰਨ ਵਾਲਾ।1। ਰਹਾਉ।

ਹੇ ਭਾਈ! ਸਾਰੀ ਰਾਤ ਕਾਮਾਦਿਕ ਵਿਕਾਰਾਂ ਦੀ ਨੀਂਦ ਵਿਚ ਰਹਿੰਦਾ ਹੈਂ, (ਇਹਨਾਂ ਵਿਕਾਰਾਂ ਦੇ ਸੰਸਕਾਰਾਂ ਦੀ) ਫਾਹੀ ਤੇਰੇ ਗਲ ਵਿਚ ਪੈਂਦੀ ਜਾਂਦੀ ਹੈ। ਸਾਰਾ ਦਿਨ ਮਾਇਆ ਕਮਾਣ ਦੇ ਧੰਧੇ ਵਿਚ ਗੁਜ਼ਾਰ ਦੇਂਦਾ ਹੈਂ। ਇਕ ਖਿਨ ਇਕ ਪਲ ਇਕ ਘੜੀ ਤੂੰ ਉਸ ਪਰਮਾਤਮਾ ਨਾਲ ਸਾਂਝ ਨਹੀਂ ਪਾਂਦਾ ਜਿਸ ਨੇ ਇਹ ਸਾਰਾ ਸੰਸਾਰ ਪੈਦਾ ਕੀਤਾ ਹੈ।1।

ਹੇ ਭਾਈ! ਆਪਣੇ ਮਨ ਦੇ ਪਿੱਛੇ ਤੁਰਨ ਦੇ ਕਾਰਨ ਤੇਰਾ ਹਿਰਦਾ-ਕਵਲ ਪ੍ਰਭੂ ਦੀ ਯਾਦ ਵਲੋਂ ਉਲਟਿਆ ਪਿਆ ਹੈ, ਤੇਰੀ ਸਮਝ ਥੋੜ੍ਹ-ਵਿਤੀ ਹੋਈ ਪਈ ਹੈ, (ਮਾਇਆ ਦੇ ਮੋਹ ਵਿਚ) ਅੰਨ੍ਹੇ ਹੋਏ ਮਨ (ਦੀ ਅਗਵਾਈ) ਦੇ ਕਾਰਨ ਤੇਰੇ ਸਿਰ ਉਤੇ ਮਾਇਆ ਦੇ ਜੰਜਾਲਾਂ ਦੀ ਪੰਡ ਬੱਝੀ ਪਈ ਹੈ। ਜਨਮ ਮਰਨ (ਦਾ ਗੇੜ) ਸਦਾ ਤੇਰੇ ਸਿਰ ਉਤੇ ਟਿਕਿਆ ਪਿਆ ਹੈ। ਪ੍ਰਭੂ ਦਾ ਨਾਮ ਸਿਮਰਨ ਤੋਂ ਬਿਨਾ ਤੇਰੇ ਗਲ ਵਿਚ ਮੋਹ ਦੀ ਫਾਹੀ ਪਈ ਹੋਈ ਹੈ।2।

ਹੈਂਕੜ-ਭਰੀ ਤੇਰੀ ਚਾਲ ਹੈ, ਤੇਰੀਆਂ ਅੱਖਾਂ ਭੀ (ਵਿਕਾਰਾਂ ਵਿਚ) ਅੰਨ੍ਹੀਆਂ ਹੋਈਆਂ ਪਈਆਂ ਹਨ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਲ ਧਿਆਨ ਦੇਣਾ ਤੈਨੂੰ ਚੰਗਾ ਨਹੀਂ ਲੱਗਦਾ। ਵੇਦ ਸ਼ਾਸਤ੍ਰ ਪੜ੍ਹਦਾ ਭੀ ਤ੍ਰੈਗੁਣੀ ਮਾਇਆ ਦੇ ਮੋਹ

ਵਿਚ ਫਸਿਆ ਪਿਆ ਹੈਂ। ਤੂੰ (ਮੋਹ ਵਿਚ) ਅੰਨ੍ਹਾ ਹੋਇਆ ਪਿਆ ਹੈਂ, ਤੇ ਮਾਇਆ ਦੀ ਖ਼ਾਤਰ ਹੀ ਦੌੜ-ਭੱਜ ਕਰਦਾ ਹੈਂ।3।

ਹੇ ਗਿਆਨ-ਹੀਣ ਜੀਵ! ਭੈੜੀ ਮੱਤੇ ਲੱਗ ਕੇ ਤੂੰ ਉਹ ਅਤਮਕ ਜੀਵਨ ਭੀ ਗਵਾ ਬੈਠਾ ਹੈਂ ਜੋ ਪਹਿਲਾਂ ਤੇਰੇ ਪੱਲੇ ਸੀ (ਇਥੇ ਜਨਮ ਲੈ ਕੇ ਹੋਰ) ਆਤਮਕ ਲਾਭ ਤੂੰ ਕਿਥੋਂ ਖੱਟਣਾ ਸੀ? ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਸਿਫ਼ਤਿ-ਸਾਲਾਹ ਦੀ ਬਾਣੀ ਨੂੰ ਮਨ ਵਿਚ ਵਸਾ ਕੇ ਪ੍ਰਭੂ-ਨਾਮ (ਦੇ ਸਿਮਰਨ) ਦਾ ਸੁਆਦ ਚੱਖਿਆ, ਉਹ ਉਸ ਸਦਾ-ਥਿਰ ਪ੍ਰਭੂ (ਦੀ ਯਾਦ) ਵਿਚ ਮਸਤ ਰਹਿੰਦੇ ਹਨ।4। 4।5।